## ਡਾਇਰੈਕਟੋਰੇਟ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ, ਚੰਡੀਗੜ੍ਹ।

### ਦਫਤਰੀ ਹੁਕਮ

ਨੰ: 4ਐਮਈ 2-ਪੰ:-15/ 19597 ਮਿਤੀ ਚੰਡੀਗੜ੍ਹ:- 04-11-15

ਇਸ ਦਫਤਰੀ ਹੁਕਮ ਰਾਹੀਂ ਹੇਠ ਲਿਖੇ ਮੈਡੀਕਲ ਲਬਾਟਰੀ ਟੈਕਨੀਸ਼ੀਅਨ ਗ੍ਰੇਡ-2 ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸ਼ੀਅਨ ਗ੍ਰੇਡ-1 ਤਨਖਾਹ ਸਕੇਲ ਰੁਪਏ 10300 - 34800 ਜਮਾ ਗਰੇਡ ਪੇ 4200 ਰੁਪਏ ਵਿਚ ਵਿਭਾਗ ਦੀ ਪੈਰਾ ਮੈਡੀਕਲ ਸਟਾਫ ਦੀਆਂ ਅਸਾਮੀਆਂ ਦੇ ਡਰਾਫਟ ਰੂਲਾਂ ਵਿਚ ਦਰਜ ਉਪਬੰਧਾਂ ਦੇ ਤਹਿਤ ਆਰਜੀ ਤੌਰ ਤੇ ਕੀਤੀ ਜਾਂਦੀ ਹੈ ਅਤੇ ਕਰਮਚਾਰੀਆਂ ਦੀ ਤਰੱਕੀ ਉਪਰੰਤ ਤੈਨਾਤੀ ਇਹਨਾਂ ਦੇ ਨਾਵਾਂ ਸਾਹਮਣੇ ਦਰਸਾਈ ਸੰਸਥਾਵਾਂ ਵਿਚ ਹੇਠ ਲਿਖੇ ਅਨੁਸਾਰ ਕੀਤੀ ਜਾਂਦੀ ਹੈ:-

| ਲੜੀ ਨੰ: | ਕਰਮਚਾਰੀ ਦਾ ਨਾਂ, ਅਹੁਦਾ ਅਤੇ ਮੌਜੂਦਾ ਤੈਨਾਤੀ ਦੀ ਥਾਂ | ਤਰੱਕੀ ਉਪਰੰਤ ਤੈਨਾਤੀ ਦੀ ਥਾਂ | ਵਿਸੇਸ ਕੱਥਣ |
|---|---|---|---|
| 1. | ਚਰਨਜੀਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 2. | ਗੁਰਬਖਸ਼ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 3. | ਸਵਰਨਜੀਤ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 4. | ਮੋਹਨ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 5. | ਜਸਪਾਲ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 6. | ਜਸਵੀਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 7. | ਸੁਖਵਿੰਦਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ | ਸਰਕਾਰੀ ਮੈਡੀਕਲ ਕਾਲਜ, ਪਟਿਆਲਾ | |
| 8. | ਬਲਵਿੰਦਰ ਸਿੰਘ, ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | ਸਰਕਾਰੀ ਮੈਡੀਕਲ ਕਾਲਜ, ਅਮ੍ਰਿਤਸਰ | |

ਇਹ ਤਰੱਕੀ ਹੇਠ ਲਿਖੀ ਸਰਤਾਂ ਤੇ ਕੀਤੀ ਜਾਂਦੀ ਹੈ:

1. ਇਹ ਤਰਕੀ ਬਿਲਕੁਲ ਆਰਜੀ ਤੌਰ ਤੇ ਕੀਤੀ ਜਾਂਦੀ ਹੈ, ਜੇਕਰ ਇਹਨਾਂ ਆਸਾਮੀਆਂ ਲਈ ਵਿਚਾਰੇ ਗਏ ਕਰਮਚਾਰੀਆਂ ਵਿਚੋਂ ਕੋਈ ਕਰਮਚਾਰੀ ਇਹਨਾਂ ਤੋਂ ਸੀਨੀਅਰ ਪਾਇਆ ਗਿਆ ਤਾਂ ਜੂਨੀਅਰ ਕਰਮਚਾਰੀ ਨੂੰ ਤੁੰਰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

2. ਜੇਕਰ ਬਾਦ ਵਿਚ ਕਿਸੇ ਸਟੇਜ ਤੇ ਇਹ ਪਾਇਆ ਗਿਆ ਕਿ ਕੋਈ ਵੀ ਕਰਮਚਾਰੀ ਇਸ ਆਸਾਮੀ ਲਈ ਲੌੜੀਦੀਂ ਵਿਦਿਅਕ ਯੋਗਤਾਵਾਂ ਜਾਂ ਤਜਰਬਾ ਪੂਰਾ ਨਹੀਂ ਕਰਦਾ ਹੈ ਤਾਂ ਉਸ ਕਰਮਚਾਰੀ ਨੂੰ ਤੁੰਰਤ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

3. ਇਹ ਤਰੱਕੀ ਕਾਰਨ ਨਵੀਂ ਆਸਾਮੀਂ ਤੇ ਹਾਜਰ ਹੋਣ ਕਾਰਣ ਕਰਮਚਾਰੀ ਨੂੰ ਇਕ ਸਾਲ ਦੇ ਸਮੇਂ ਲਈ ਪਰਖ ਕਾਲ ਸਮਾਂ ਤਸੱਲੀਬਖਸ ਤਰੀਕੇ ਨਾਲ ਪਾਰ ਕਰਨਾਂ ਪਵੇਗਾ, ਜੇਕਰ ਇਸ ਪਰਖ ਕਾਲ ਸਮੇਂ ਦੌਰਾਨ ਕਰਮਚਾਰੀ ਦਾ ਕੰਮ ਕਾਜ ਤਸਲੀਬਖਸ ਨਾ ਪਾਇਆ ਗਿਆ ਤਾਂ ਕਰਮਚਾਰੀ ਨੂੰ ਬਿਨਾਂ ਕੋਈ ਕਾਰਨ ਦਸੇ ਉਸਦੀ ਪਹਿਲੀ ਆਸਾਮੀ ਤੇ ਰਿਵਰਟ ਕਰ ਦਿਤਾ ਜਾਵੇਗਾ।

4. ਕਰਮਚਾਰੀ ਨੂੰ ਇਹਨਾਂ ਹੁਕਮਾਂ ਦੀ ਪਾਲਣਾਂ ਵਿਚ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਲਈ ਤੁਰੰਤ ਰਲੀਵ ਕਰ ਦਿਤਾ ਜਾਵੇ ਅਤੇ ਕਰਮਚਾਰੀਆਂ ਨੂੰ ਇਹ ਹੁਕਮ ਜਾਰੀ ਹੋਣ ਦੇ 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣਾ ਪਵੇਗਾ ਜੇਕਰ ਕੋਈ ਕਰਮਚਾਰੀ ਮਿਥੇ ਸਮੇਂ, 15 ਦਿਨਾਂ ਦੇ ਅੰਦਰ ਅੰਦਰ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਨਹੀਂ ਹੁੰਦਾਂ ਤਾਂ ਉਸ ਦੀ ਤੱਰਕੀ ਦੇ ਹੁਕਮ ਰੱਦ ਸਮਝੇ ਜਾਣਗੇ ਅਤੇ ਕਰਮਚਾਰੀ ਨੂੰ ਇਸ ਤਰਕੀ ਤੇ ਵਿਚਾਰਣ ਲਈ 2 ਸਾਲ ਦੇ ਸਮੇਂ ਲਈ ਡੀਬਾਰ ਕੀਤਾ ਜਾਵੇਗਾ।

5. ਕਰਮਚਾਰੀ ਨੂੰ ਤਰਕੀ ਉਪਰੰਤ ਨਵੀਂ ਤੈਨਾਤੀ ਦੀ ਥਾਂ ਤੇ ਹਾਜਰ ਹੋਣ ਤੋਂ ਪਹਿਲਾਂ ਉਕਤ ਸਰਤਾਂ ਦੀ ਸਹਿਮਤੀ ਬਾਰੇ ਤਸਦੀਕਸੁਦਾ ਹਲਫਿਆ ਬਿਆਨ ਲੈ ਲਿਆ ਜਾਵੇ ਅਤੇ ਇਹ ਹਲਫਿਆ ਬਿਆਨ ਕਰਮਚਾਰੀਆਂ ਦੀ ਹਾਜਰੀ ਰਿਪੋਟ, ਜੋ ਸੰਸਥਾਂ ਦੇ ਮੁਖੀ ਵਲੋਂ ਸਹੀ ਕੀਤੀ ਹੋਵੇ, ਦੇ ਨਾਲ ਇਸ ਦਫਤਰ ਨੂੰ ਭੇਜੇ ਜਾਣ।

6. ਇਹ ਤਸਦੀਕ ਕੀਤਾ ਜਾਂਦਾ ਹੈ ਕਿ ਜੇਕਰ ਇਹਨਾਂ ਕਰਮਚਾਰੀਆਂ ਦੀ ਤਰੱਕੀ ਬਤੌਰ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-1 ਨਹੀਂ ਕੀਤੀ ਜਾਂਦੀ ਤਾਂ ਉਹਨਾਂ ਨੇ ਮੈਡੀਕਲ ਲਬਾਟਰੀ ਟੈਕਨੀਸੀਅਨ ਗ੍ਰੇਡ-2 ਦੀ ਪੁਰਾਣੀ ਅਸਾਮੀ ਤੇ ਹੀ ਕੰਮ ਕਰਨਾ ਸੀ।

5/XI/15

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ-15/ 19598-607 ਮਿਤੀ ਚੰਡੀਗੜ੍ਹ:- 04-11-15

ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ। ਕਰਮਚਾਰੀਆਂ ਦੀ ਫਾਰਗੀ ਅਤੇ ਹਾਜਰੀ ਰਿਪੋਟਾਂ ਇਸ ਦਫਤਰ ਨੂੰ ਭੇਜੀਆਂ ਜਾਣ ਅਤੇ ਜੇਕਰ ਕਰਮਚਾਰੀ/ ਕਰਮਚਾਰਨ ਮਿੱਥੇ ਸਮੇਂ ਦੇ ਅੰਦਰ-2 ਹਾਜਰ ਨਹੀਂ ਹੁੰਦਾਂ ਤਾਂ ਇਹ ਰਿਪੋਰਟ ਇਸ ਦਫਤਰ ਨੂੰ ਭੇਜੀ ਜਾਵੇ:-

1. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ।
2. ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਪਟਿਆਲਾ।
3. ਸੰਬਧਤ ਕਰਮਚਾਰੀਆਂ ਨੂੰ।

5/XI/15

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।

ਪਿੱਠ ਅੰ:ਨੰ:4ਐਮ.ਈ.2-ਪੰ-15/ 19608 ਮਿਤੀ ਚੰਡੀਗੜ੍ਹ:- 05-11-15

ਉਤਾਰਾ ਸਕੱਤਰ ਪੰਜਾਬ ਸਰਕਾਰ, ਮੈਡੀਕਲ ਸਿਖਿਆ ਅਤੇ ਖੋਜ ਵਿਭਾਗ, ਚੰਡੀਗੜ੍ਹ ਨੂੰ ਸੂਚਨਾਂ ਅਤੇ ਅਗਲੀ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

5/XI/15

ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ।